# ਪੰਜਾਬੀ ਯੂਨੀਵਰਸਿਟੀ ਦੁਆਰਾ ਕਰਵਾਏ ਸਿਖਲਾਈ ਪ੍ਰੋਗਰਾਮ 'ਚ 200 ਤੋਂ ਵੱਧ ਵਿਅਕਤੀਆਂ ਨੇ ਲਈ ਸਿਖਲਾਈ

ਪਟਿਆਲਾ, 11 ਅਪ੍ਰੈਲ (ਗੁਰਵਿੰਦਰ ਸਿੰਘ ਔਲਖ)-ਪੰਜਾਬੀ ਯੂਨੀਵਰਸਿਟੀ ਦੇ 123 ਮਾਨਤਾ ਪ੍ਰਾਪਤ ਅਤੇ ਕਾਂਸਟੀਚੂਐਂਟ ਕਾਲਜਾਂ ਦੇ 200 ਤੋਂ ਵੱਧ ਅਧਿਆਪਨ ਅਤੇ ਦਫ਼ਤਰੀ ਸਟਾਫ਼ ਨੇ ਅੱਖਰ 2021 ਅਤੇ ਪੰਜਾਬੀ ਕੰਪਿਊਟਿੰਗ ਬਾਰੇ ਇਕ ਦਿਨਾਂ ਸਿਖਲਾਈ ਪ੍ਰੋਗਰਾਮ ਵਿਚ ਭਾਗ ਲਿਆ। ਜੋ ਕਿ ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ, ਭਾਸ਼ਾ, ਸਾਹਿੱਤ ਅਤੇ ਸਭਿਆਚਾਰ ਦੇ ਤਕਨੀਕੀ ਵਿਕਾਸ ਦੇ ਖੋਜ ਕੇਂਦਰ ਅਤੇ ਡੀਨ, ਕਾਲਜ ਵਿਕਾਸ ਕੌਂਸਲ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੁਆਰਾ ਸਾਂਝੇ ਤੌਰ 'ਤੇ ਆਯੋਜਿਤ ਕੀਤਾ ਗਿਆ ਸੀ। ਇਸ ਸਿਖਲਾਈ ਪ੍ਰੋਗਰਾਮ ਦਾ ਉਦੇਸ਼ ਕਾਲਜ ਸਟਾਫ਼ ਨੂੰ ਪੰਜਾਬੀ ਕੰਪਿਊਟਿੰਗ ਨਾਲ ਸੰਬੰਧਿਤ ਵੱਖ-ਵੱਖ ਮਸਲਿਆਂ ਤੋਂ ਜਾਣੂ ਕਰਵਾਉਣਾ ਅਤੇ ਪੰਜਾਬੀ ਵਰਤੋਂ ਕਾਰਾਂ ਨੂੰ ਕੰਪਿਊਟਰਾਂ 'ਤੇ ਪੇਸ਼ ਆ ਰਹੀਆਂ ਮੁਸ਼ਕਲਾਂ ਨੂੰ ਘਟਾਉਣ ਲਈ ਯੂਨੀਕੋਡ ਆਧਾਰਿਤ ਪੰਜਾਬੀ ਵਰਡ ਪ੍ਰੋਸੈੱਸਰ, ਅੱਖਰ 2021 ਦੀ ਵਰਤੋਂ ਕਿਵੇਂ ਕੀਤੀ ਜਾ ਸਕਦੀ ਹੈ, ਬਾਰੇ ਸਿਖਲਾਈ ਦੇਣਾ ਸੀ। ਡਾ. ਗੁਰਪ੍ਰੀਤ ਸਿੰਘ ਲਹਿਲ, ਡੀਨ ਕਾਲਜਿਜ਼ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਆਪਣੇ ਸੁਆਗਤੀ ਭਾਸ਼ਣ ਵਿਚ, ਪੰਜਾਬੀ ਭਾਸ਼ਾ ਲਈ ਅੱਖਰ-2021 ਵਿਚ ਪ੍ਰਦਾਨ ਕੀਤੀਆਂ ਗਈਆਂ ਵਿਸ਼ੇਸ਼ ਸਹੂਲਤਾਂ ਜਿਵੇਂ ਕਿ ਪੰਜਾਬੀ ਦੀ ਰੋਮਨਾਈਜਡ ਟਾਈਪਿੰਗ, ਆਟੋ-ਕਰੈਕਟ, ਆਟੋਕੰਪਲੀਟ, ਫੌਂਟ ਕਨਵਰਟਰ, ਸਪੈੱਲ ਚੈੱਕਰ, ਡਿਕਸ਼ਨਰੀਆਂ, ਏ.ਆਈ. ਆਧਾਰਿਤ ਬਹੁ-ਭਾਸ਼ਾਈ ਸਰਚ ਅਤੇ ਲਿਪੀਅੰਤਰਨ ਸੇਵਾਵਾਂ ਤੋਂ ਜਾਣੂ ਕਰਵਾਇਆ। ਡਾ. ਲਹਿਲ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਵੱਖ-ਵੱਖ ਦਫ਼ਤਰਾਂ ਵਿਚ ਪਹਿਲਾਂ ਹੀ ਅੱਖਰ-2021 ਇੰਸਟਾਲ ਕੀਤਾ ਜਾ ਰਿਹਾ ਹੈ ਅਤੇ ਇਸ ਸਿਖਲਾਈ ਪ੍ਰੋਗਰਾਮ ਦਾ ਉਦੇਸ਼ ਕਾਲਜ ਸਟਾਫ਼ ਨੂੰ ਅੱਖਰ-2021 ਨੂੰ ਆਪਣੇ ਕਾਲਜਾਂ ਦੇ ਕੰਪਿਊਟਰਾਂ ਵਿਚ ਇੰਸਟਾਲ ਕਰਨ ਅਤੇ ਵਰਡ ਪ੍ਰੋਸੈਸਿੰਗ ਲਈ ਇਸ ਨੂੰ ਵਰਤਣ ਦੀ ਸਿਖਲਾਈ ਦੇਣਾ ਹੈ। ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਅਰਵਿੰਦ ਨੇ ਆਪਣੇ ਉਦਘਾਟਨੀ ਭਾਸ਼ਣ ਵਿਚ ਭਾਸ਼ਾ ਅਤੇ ਲਿਪੀ ਦੇ ਵਿਕਾਸ, ਪ੍ਰਸਾਰ ਅਤੇ ਲੋਕਪ੍ਰਿਅਤਾ ਲਈ ਇਨ੍ਹਾਂ ਦੇ ਤਕਨੀਕੀ ਵਿਕਾਸ ਦੀ ਆਵੱਸ਼ਕਤਾ 'ਤੇ ਬਲ ਦਿੱਤਾ। ਇਸ ਤੋਂ ਇਲਾਵਾ ਉਨ੍ਹਾਂ ਨੇ ਪੰਜਾਬੀ ਵਿਚ ਉੱਚ ਸਿੱਖਿਆ ਅਤੇ ਤਕਨੀਕੀ ਸਿੱਖਿਆ ਦੇਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਇਸ ਦਿਸ਼ਾ ਵਿਚ ਅੱਖਰ 2021 ਬਹੁਤ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ। ਇਸ ਇਕ ਰੋਜ਼ਾ ਸਿਖਲਾਈ ਪ੍ਰੋਗਰਾਮ ਵਿਚ ਕੰਪਿਊਟਰਾਂ 'ਤੇ ਪੰਜਾਬੀ ਵਰਤੋਂਕਾਰਾਂ ਨੂੰ ਦਰਪੇਸ਼ ਆਮ ਸਮੱਸਿਆਵਾਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਇਨ੍ਹਾਂ ਸਮੱਸਿਆਵਾਂ ਦੇ ਹੱਲ ਲਈ ਸੁਝਾਅ ਦਿੱਤੇ ਗਏ। ਇਹ ਸਿਖਲਾਈ ਡਾ. ਤਜਿੰਦਰ ਸਿੰਘ ਸੈਣੀ ਅਤੇ ਡਾ. ਅੰਕੁਰ ਰਾਣਾ ਦੁਆਰਾ ਦਿੱਤੀ ਗਈ। ਜਿਨ੍ਹਾਂ ਕੋਲ ਪੰਜਾਬੀ ਸਾਫ਼ਟਵੇਅਰ ਡਿਵੈਲਪਮੈਂਟ ਦਾ ਭਰਪੂਰ ਤਜਰਬਾ ਹੈ। ਸਮਾਪਤੀ ਸੈਸ਼ਨ ਵਿਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਕਾਂਸਟੀਚੂਐਂਟ ਕਾਲਜਾਂ ਦੇ ਡਾਇਰੈਕਟਰ ਡਾ. ਤ੍ਰਿਸ਼ਨਜੀਤ ਕੌਰ ਨੇ ਸਰਟੀਫਿਕੇਟ ਵੰਡੇ ਅਤੇ ਪ੍ਰੋਗਰਾਮ ਵਿਚ ਸ਼ਾਮਿਲ ਹੋਣ ਲਈ ਸਭ ਦਾ ਧੰਨਵਾਦ ਕੀਤਾ। ਉਦਘਾਟਨੀ ਸੈਸ਼ਨ ਦਾ ਸੰਚਾਲਨ ਪੰਜਾਬੀ ਭਾਸ਼ਾ, ਸਾਹਿੱਤ ਅਤੇ ਸਭਿਆਚਾਰ ਦੇ ਤਕਨੀਕੀ ਵਿਕਾਸ ਦੇ ਖੋਜ ਕੇਂਦਰ ਵਿਖੇ ਅਸਿਸਟੈਂਟ ਪ੍ਰੋਫੈਸਰ ਡਾ. ਹਰਵਿੰਦਰ ਪਾਲ ਕੌਰ ਨੇ ਕੀਤਾ।



ਪੰਜਾਬੀ ਯੂਨੀਵਰਸਿਟੀ ਦੁਆਰਾ ਕਰਵਾਏ ਸਿਖਲਾਈ ਪ੍ਰੋਗਰਾਮ ਦਾ ਦ੍ਰਿਸ਼। ਅਜੀਤ ਤਸਵੀਰ



ਅਜੀਤ ®©
12-Apr-2022
Page: 6
http://epaper.ajitjalandhar.com/edition/20220412/11/6.cms

# ਕੰਪਿਊਟਰ ’ਤੇ ਪੰਜਾਬੀ ਭਾਸ਼ਾ ਦੀਆਂ ਸਮੱਸਿਆਵਾਂ ਬਾਰੇ ਚਰਚਾ

**ਪ੍ਰੋਗਰਾਮ ਵਿੱਚ 200 ਤੋਂ ਵੱਧ ਸਿਖਿਆਰਥੀਆਂ ਨੇ ਹਿੱਸਾ ਲਿਆ**

ਖੇਤਰੀ ਪ੍ਰਤੀਨਿਧ

ਪਟਿਆਲਾ, 11 ਅਪਰੈਲ

ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ, ਭਾਸ਼ਾ, ਸਾਹਿਤ ਅਤੇ ਸਭਿਆਚਾਰ ਦੇ ਤਕਨੀਕੀ ਵਿਕਾਸ ਦੇ ਖੋਜ ਕੇਂਦਰ ਅਤੇ ਡੀਨ, ਕਾਲਜ ਵਿਕਾਸ ਕੌਂਸਲ ਦੁਆਰਾ ਅੱਖਰ 2021 ਅਤੇ ਪੰਜਾਬੀ ਕੰਪਿਊਟਿੰਗ ਬਾਰੇ ਇੱਕ ਰੋਜ਼ਾ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ। ਇਹ ਅੱਖਰ ਡੀਨ ਕਾਲਜਿਜ਼ ਡਾ. ਗੁਰਪ੍ਰੀਤ ਸਿੰਘ ਲਹਿਲ ਅਤੇ ਉਨ੍ਹਾਂ ਦੀ ਟੀਮ ਵੱਲੋਂ ਤਿਆਰ ਕੀਤਾ ਗਿਆ ਹੈ। ਜਿਸ ਸਬੰਧੀ ਇਸ ਟਰੇਨਿੰਗ ਪ੍ਰੋਗਰਾਮ ਦੌਰਾਨ ਯੂਨੀਵਰਸਿਟੀ ਦੇ 123 ਮਾਨਤਾ ਪ੍ਰਾਪਤ ਅਤੇ ਕਾਂਸਟੀਚੁਐਂਟ ਕਾਲਜਾਂ ਦੇ 200 ਤੋਂ ਵੱਧ ਅਧਿਆਪਨ ਅਤੇ ਦਫ਼ਤਰੀ ਸਟਾਫ਼ ਨੇ ਵਿੱਚ ਭਾਗ ਲਿਆ। ਇਸ ਸਿਖਲਾਈ ਪ੍ਰੋਗਰਾਮ ਦਾ ਉਦੇਸ਼ ਕਾਲਜ ਸਟਾਫ਼ ਨੂੰ ਪੰਜਾਬੀ ਕੰਪਿਊਟਿੰਗ ਨਾਲ ਸਬੰਧਤ ਵੱਖ-ਵੱਖ ਮਸਲਿਆਂ ਤੋਂ ਜਾਣੂ ਕਰਵਾਉਣਾ ਅਤੇ ਪੰਜਾਬੀ ਵਰਤੋਂਕਾਰਾਂ ਨੂੰ ਕੰਪਿਊਟਰਾਂ ’ਤੇ ਆ ਰਹੀਆਂ ਮੁਸ਼ਕਲਾਂ ਨੂੰ ਘਟਾਉਣ ਲਈ ਯੂਨੀਕੋਡ ਆਧਾਰਿਤ ਪੰਜਾਬੀ ਵਰਡ ਪ੍ਰੋਸੈੱਸਰ, ਅੱਖਰ 2021 ਦੀ ਵਰਤੋਂ ਕਿਵੇਂ ਕੀਤੀ ਜਾ ਸਕਦੀ ਹੈ, ਬਾਰੇ ਸਿਖਲਾਈ ਦੇਣਾ ਸੀ।

ਇਸ ਮੌਕੇ ਵਾਈਸ ਚਾਂਸਲਰ ਪ੍ਰੋਫ਼ੈਸਰ ਅਰਵਿੰਦ ਨੇ ਭਾਸ਼ਾ ਅਤੇ ਲਿਪੀ ਦੇ ਵਿਕਾਸ, ਪ੍ਰਸਾਰ ਅਤੇ ਲੋਕਪ੍ਰਿਅਤਾ ਲਈ ਇਨ੍ਹਾਂ ਦੇ ਤਕਨੀਕੀ ਵਿਕਾਸ ਦੀ ਲੋੜ ਉੱਤੇ ਜ਼ੋਰ ਦਿੱਤਾ।



ਪ੍ਰੋਗਰਾਮ ਨੂੰ ਸੰਬੋਧਨ ਕਰਦੇ ਹੋਏ ਵਾਈਸ ਚਾਂਸਲਰ ਪ੍ਰੋ. ਅਰਵਿੰਦ। ਫੋਟੋ: ਭੰਗੂ

ਪਟਿਆਲਾ/ਸੰਗਰੂਰ Tue, 12 April 2022
https://epaper.punjabitribuneonline.com/c/6739461

# ਅੱਖਰ-2021 ਤੇ ਪੰਜਾਬੀ ਕੰਪਿਊਟਿੰਗ ਬਾਰੇ ਸਿਖਲਾਈ ਪ੍ਰੋਗਰਾਮ ਕਰਵਾਇਆ

**ਪੱਤਰ ਪ੍ਰੇਰਕ, ਪਟਿਆਲਾ** : ਪੰਜਾਬੀ ਯੂਨੀਵਰਸਿਟੀ ਦੇ 123 ਮਾਨਤਾ ਪ੍ਰਾਪਤ ਅਤੇ ਕਾਂਸਟੀਚੂਐਂਟ ਕਾਲਜਾਂ ਦੇ 200 ਤੋਂ ਵੱਧ ਅਧਿਆਪਨ ਅਤੇ ਦਫ਼ਤਰੀ ਸਟਾਫ਼ ਨੇ ਅੱਖਰ 2021 ਅਤੇ ਪੰਜਾਬੀ ਕੰਪਿਊਟਿੰਗ ਬਾਰੇ ਇੱਕ ਰੋਜ਼ਾ ਸਿਖਲਾਈ ਪ੍ਰੋਗਰਾਮ ਵਿੱਚ ਭਾਗ ਲਿਆ। ਇਹ ਪ੍ਰੋਗਰਾਮ ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੇ ਤਕਨੀਕੀ ਵਿਕਾਸ ਦੇ ਖੋਜ ਕੇਂਦਰ ਅਤੇ ਡੀਨ, ਕਾਲਜ ਵਿਕਾਸ ਕੌਂਸਲ ਵਲੋਂ ਸਾਂਝੇ ਤੌਰ 'ਤੇ ਆਯੋਜਿਤ ਕੀਤਾ ਗਿਆ। ਇਸ ਸਿਖਲਾਈ ਪ੍ਰੋਗਰਾਮ ਦਾ ਉਦੇਸ਼ ਕਾਲਜ ਸਟਾਫ਼ ਨੂੰ ਪੰਜਾਬੀ ਕੰਪਿਊਟਿੰਗ ਨਾਲ ਸਬੰਧਤ ਵੱਖ-ਵੱਖ ਮਸਲਿਆਂ ਤੋਂ ਜਾਣੂ ਕਰਵਾਉਣਾ ਅਤੇ ਪੰਜਾਬੀ ਵਰਤੋਂਕਾਰਾਂ ਨੂੰ ਕੰਪਿਊਟਰਾਂ 'ਤੇ ਪੇਸ਼ ਆ ਰਹੀਆਂ ਮੁਸ਼ਕਲਾਂ ਨੂੰ ਘਟਾਉਣ ਲਈ ਯੂਨੀਕੋਡ ਆਧਾਰਿਤ ਪੰਜਾਬੀ ਵਰਡ ਪ੍ਰੋਸੈੱਸਰ, ਅੱਖਰ 2021 ਦੀ ਵਰਤੋਂ ਕਿਵੇਂ ਕੀਤੀ ਸਕਦੀ , ਬਾਰੇ ਸਿਖਲਾਈ ਦੇਣਾ ਸੀ।



ਵਾਇਸ ਚਾਂਸਲਰ ਡਾ. ਅਰਵਿੰਦ।

ਡੀਨ ਕਾਲਜਜ਼ ਡਾ. ਗੁਰਪ੍ਰੀਤ ਸਿੰਘ ਲਹਿਲ ਨੇ ਆਪਣੇ ਸੁਆਗਤੀ ਭਾਸ਼ਣ ਵਿੱਚ, ਪੰਜਾਬੀ ਭਾਸ਼ਾ ਲਈ ਅੱਖਰ-2021 ਵਿੱਚ ਪ੍ਰਦਾਨ ਕੀਤੀਆਂ ਗਈਆਂ ਵਿਸ਼ੇਸ਼ ਸਹੂਲਤਾਂ ਜਿਵੇਂ ਕਿ ਪੰਜਾਬੀ ਦੀ ਰੋਮਨਾਈਜ਼ਡ ਟਾਈਪਿੰਗ, ਆਟੋ-ਰੈਕਟ, ਆਟੋਕੰਪਲੀਟ, ਫੌਂਟ ਕਨਵਰਟਰ, ਸਪੈੱਲ ਚੈੱਕਰ, ਡਿਕਸ਼ਨਰੀਆਂ, ਏ.ਆਈ. ਆਧਾਰਿਤ ਬਹੁ-ਭਾਸ਼ਾਈ ਸਰਚ ਅਤੇ ਲਿਪੀਅੰਤਰਨ ਸੇਵਾਵਾਂ ਤੋਂ ਜਾਣੂ ਕਰਵਾਇਆ। ਸਿਖਲਾਈ ਪ੍ਰੋਗਰਾਮ ਦਾ ਉਦੇਸ਼ ਕਾਲਜ ਸਟਾਫ਼ ਨੂੰ ਅੱਖਰ-2021 ਨੂੰ ਆਪਣੇ ਕਾਲਜਾਂ ਦੇ ਕੰਪਿਊਟਰਾਂ ਵਿੱਚ ਇੰਸਟਾਲ ਕਰਨ ਅਤੇ ਵਰਡ ਪ੍ਰੋਸੈੱਸਿੰਗ ਲਈ ਇਸਨੂੰ ਵਰਤਣ ਦੀ ਸਿਖਲਾਈ ਦੇਣਾ ਹੈ। ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫ਼ੈਸਰ ਅਰਵਿੰਦ ਨੇ ਆਪਣੇ ਉਦਘਾਟਨੀ ਭਾਸ਼ਣ ਵਿੱਚ ਭਾਸ਼ਾ ਅਤੇ ਲਿਪੀ ਦੇ ਵਿਕਾਸ, ਪ੍ਰਸਾਰ ਅਤੇ ਲੋਕਪ੍ਰਿਅਤਾ ਲਈ ਇਹਨਾਂ ਦੇ ਤਕਨੀਕੀ ਵਿਕਾਸ ਦੀ ਆਵੱਸ਼ਕਤਾ ਉੱਤੇ ਬਲ ਦਿੱਤਾ। ਇਸ ਤੋਂ ਇਲਾਵਾ ਉਹਨਾਂ ਨੇ ਪੰਜਾਬੀ ਵਿੱਚ ਉੱਚ ਸਿੱਖਿਆ ਅਤੇ ਤਕਨੀਕੀ ਸਿੱਖਿਆ ਦੇਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਇਸ ਦਿਸ਼ਾ ਵਿੱਚ ਅੱਖਰ 2021 ਬਹੁਤ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ। ਇਸ ਇੱਕ ਰੋਜ਼ਾ ਸਿਖਲਾਈ ਪ੍ਰੋਗਰਾਮ ਵਿੱਚ ਕੰਪਿਊਟਰਾਂ 'ਤੇ ਪੰਜਾਬੀ ਵਰਤੋਂਕਾਰਾਂ ਨੂੰ ਦਰਪੇਸ਼ ਆਮ ਸਮੱਸਿਆਵਾਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਇਨ੍ਹਾਂ ਸਮੱਸਿਆਵਾਂ ਦੇ ਹੱਲ ਲਈ ਸੁਝਾਅ ਦਿੱਤੇ ਗਏ। ਇਹ ਸਿਖਲਾਈ ਡਾ: ਤਜਿੰਦਰ ਸਿੰਘ ਸੌਈ ਅਤੇ ਡਾ: ਅੰਕੁਰ ਰਾਣਾ ਦੁਆਰਾ ਦਿੱਤੀ ਗਈ, ਜਿਨ੍ਹਾਂ ਕੋਲ ਪੰਜਾਬੀ ਸਾਫਟਵੇਅਰ ਡਿਵੈੱਲਪਮੈਂਟ ਦਾ ਭਰਪੂਰ ਤਜ਼ਰਬਾ ਹੈ। ਸਮਾਪਤੀ ਸੈਸ਼ਨ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਕਾਂਸਟੀਚੂਐਂਟ ਕਾਲਜਾਂ ਦੇ ਡਾਇਰੈਕਟਰ ਡਾ: ਤ੍ਰਿਸ਼ਨਜੀਤ ਕੌਰ ਨੇ ਸਰਟੀਫਿਕੇਟ ਵੰਡੇ ਅਤੇ ਪ੍ਰੋਗਰਾਮ ਵਿੱਚ ਸ਼ਾਮਿਲ ਹੋਣ ਲਈ ਸਭ ਦਾ ਧੰਨਵਾਦ ਕੀਤਾ। ਉਦਘਾਟਨੀ ਸੈਸ਼ਨ ਦਾ ਸੰਚਾਲਨ ਪੰਜਾਬੀ